ਪਿਸਟਲ ਦੀ ਨੋਕ ਤੇ ਲੋਕਾਂ ਨੂੰ ਡਰਾ ਧਮਕਾ ਕੇ ਖੋਹ ਕਰਨ ਵਾਲੇ 03 ਵਿਅਕਤੀਆਂ ਨੂੰ 04 ਦੇਸੀ ਪਿਸਟਲਾਂ ਅਤੇ 10 ਕਾਰਤੂਸ ਸਮੇਤ ਕੀਤਾ ਕਾਬੂ



ਸ੍ਰੀ ਮੁਕਤਸਰ ਸਾਹਿਬ: 30 ਅਗਸਤ  ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਮੁੱਖੀ ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ. ਦੀ ਅਗਵਾਈ ਹੇਠ ਸ਼ਰਾਰਤੀ ਅਨਸਰਾਂ ਖਿਲਾਫ ਵਿੱਢੀ ਮੁਹਿੰਮ ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਲੋਕਾਂ ਨੂੰ ਡਰਾ ਧਮਕਾਂ ਕੇ ਲੁੱਟ-ਖੋਹ ਕਰਨ ਵਾਲੇ 03 ਵਿਅਕਤੀਆਂ ਨੂੰ 4 ਦੇਸੀ ਪਿਸਟਲਾ ਅਤੇ 10 ਜਿੰਦਾ ਕਾਰਤੂਸ ਸਮੇਤ ਕਾਬੂ ਕਰਨ ਵਿੱਚ ਸਫਲਤਾ ਹਾਸਿਲ ਕੀਤੀ ਗਈ ਹੈ।

ਸ੍ਰੀ ਤੁਸ਼ਾਰ ਗਪਤਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਜੀ ਨੇ ਮੀਡੀਆ ਨੂੰ ਦੱਸਿਆ ਕਿ ਮੁਖਬਰ ਦੀ ਇਤਲਾਹ ਤੇ ਪੁਲਿਸ ਵੱਲੋਂ ਗੁਰਚਰਨ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਮਧੀਰ ਨੂੰ ਇੱਕ 315 ਬੋਰ ਦੇਸੀ ਕੱਟਾ ਸਮੇਤ 02 ਕਾਰਤੂਸ ਜਿੰਦਾ ਅਤੇ ਜਗਪ੍ਰੀਤ ਸਿੰਘ ਉਰਫ ਭੁੱਲਰ ਪੁੱਤਰ ਜਗਦੀਸ਼ ਸਿੰਘ ਵਾਸੀ ਗਿਦੱੜਬਾਹਾ ਨੂੰ 01 ਦੇਸੀ ਕੱਟਾ 12 ਬੋਰ 02 ਕਾਰਤੂਸ ਜਿੰਦਾ ਸਮੇਤ ਕਾਬੂ ਕੀਤਾ ਗਿਆ ਹੈ। ਜਿਸ ਤੇ ਮਾਨਯੋਗ ਅਦਾਲਤ ਤੋਂ ਪੁਲਿਸ ਵੱਲੋਂ ਰਿਮਾਂਡ ਹਾਸਿਲ ਕੀਤਾ ਗਿਆ ਅਤੇ ਪੁੱਛਗਿੱਛ ਦੌਰਾਨ ਗੁਰਚਰਨ ਸਿੰਘ ਉੱਕਤ ਦੀ ਨਿਸ਼ਾਨ ਦੇਹੀ ਤੋਂ 01 ਦੇਸੀ ਕੱਟਾ 12 ਬੋਰ ਸਮੇਤ 01 ਕਾਰਤੂਸ ਸਮੇਤ ਬ੍ਰਾਮਦ ਕਰਵਾਇਆ ਗਿਆ, ਪੁੱਛਗਿੱਛ ਦੌਰਾਨ ਗੁਰਚਰਨ ਸਿੰਘ ਇਹ ਵੀ ਦੱਸਿਆ ਕਿ ਉਹ ਇਹ ਦੇਸੀ ਕੱਟਾ ਜਗਪ੍ਰੀਤ ਸਿੰਘ ਭੁੱਲਰ ਨੇ ਉਸ ਨੂੰ ਦਿੱਤਾ ਸੀ। ਜਿਸ ਤੇ ਹੁਣ ਤੱਕ ਪੁਲਿਸ ਵੱਲੋਂ 02 ਦੇਸੀ ਕੱਟੇ ਅਤੇ ਇੱਕ .315 ਬੋਰ ਦੇਸੀ ਕੱਟਾ ਸਮੇਤ ਕੁੱਲ 05 ਜਿੰਦਾ ਕਾਰਤੂਸ ਬ੍ਰਾਮਦ ਕੀਤੇ ਗਏ ਹਨ।